**15ਵੀਂ ਵਿਧਾਨ ਸਭਾ**
ਤੀਜਾ ਸਮਾਗਮ

ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ: 2

ਮੰਗਲਵਾਰ, 28 ਨਵੰਬਰ, 2017
(10.00 ਵਜੇ ਸਵੇਰ ਤੋਂ 12.03 ਵਜੇ ਬਾਅਦ ਦੁਪਹਿਰ ਤੱਕ)

1. **(i)** ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | 09 | 01 | – | 12 |

**(i)** ਬਿਨ੍ਹਾਂ ਨਿਸ਼ਾਨ ਵਾਲੇ ਪ੍ਰਸ਼ਨ: 07

2. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਵਲੀ ਸਬੰਧੀ ਐਲਾਨ:**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ
2. ਸਰਦਾਰ ਪਰਗਟ ਸਿੰਘ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 14ਵੀਂ ਅਤੇ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਕ੍ਰਮਵਾਰ ਅੱਠਵੇਂ ਅਤੇ ਦੂਜੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਸ਼ਟਰਪਤੀ / ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 10.31 ਵਜੇ ਸਵੇਰ ਤੋਂ 11.01 ਵਜੇ ਸਵੇਰ ਤੱਕ, ਅੱਧੇ ਘੰਟੇ ਲਈ ਸਥਗਿਤ ਕੀਤਾ ਗਿਆ।

5. **ਧਿਆਨ ਦਿਵਾਊ ਨੋਟਿਸ**

1. ਡਾ.ਧਰਮਬੀਰ ਅਗਨੀਹੋਤਰੀ, ਐਮ.ਐਲ.ਏ ਅਤੇ ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ ਨੇ ਡੇਂਗੂ ਬਿਮਾਰੀ ਨਾਲ ਸਬੰਧਤ ਮਹਿੰਗੇ ਇਲਾਜ ਦੇ ਟੈਸਟਾਂ ਵੱਲ ਸਰਕਾਰ ਦਾ ਧਿਆਨ ਦਿਵਾਇਆ।

(ਨੰ: 3 ਅਤੇ 4)

ਸਿਹਤ ਮੰਤਰੀ ਨੇ ਜਵਾਬ ਦਿੱਤਾ।

2. ਸ਼੍ਰੀ ਸੋਮ ਪ੍ਰਕਾਸ਼, ਐਮ.ਐਲ.ਏ, ਸ਼੍ਰੀ ਅਮਨ ਅਰੋੜਾ, ਐਮ.ਐਲ.ਏ ਅਤੇ ਸਰਦਾਰ ਕੰਵਰ ਸੰਧੂ, ਐਮ.ਐਲ.ਏ, ਨੇ ਫਾਇਰ ਬ੍ਰਿਗੇਡ ਵਿਭਾਗ ਵਿੱਚ ਅਮਲੇ ਅਤੇ ਉਪਕਰਣਾਂ ਦੀ ਘਾਟ ਵੱਲ ਸਰਕਾਰ ਦਾ ਧਿਆਨ ਦਿਵਾਇਆ।

(ਨੰ: 10 ਅਤੇ 11)

ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

3. ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ, ਮਿਸ ਰੁਪਿੰਦਰ ਕੌਰ ਰੂਬੀ, ਐਮ.ਐਲ.ਏ, ਅਤੇ ਸਰਦਾਰ ਬਲਦੇਵ ਸਿੰਘ, ਐਮ.ਐਲ.ਏ, ਨੇ ਨੈਸ਼ਨਲ ਹਾਈਵੇ ਉੱਪਰ ਲੱਗੇ ਸਾਈਨ ਬੋਰਡਾਂ ਤੇ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ ਸਤਿਕਾਰ ਨਾ ਮਿਲਣ ਵੱਲ ਸਰਕਾਰ ਦਾ ਧਿਆਨ ਦਿਵਾਇਆ।

(ਨੰ: 13)

ਸਿਹਤ ਮੰਤਰੀ ਨੇ ਜਵਾਬ ਦਿੱਤਾ।

ਜਾਰੀ/.....2

6. ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 28 ਅਤੇ 29 ਨਵੰਬਰ, 2017 ਨੂੰ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 01 ਮਿੰਟ |

7. ਵਾਕ ਆਊਟ

ਆਮ ਆਦਮੀ ਪਾਰਟੀ ਅਤੇ ਲੋਕ ਇਨਸਾਫ਼ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਨਾਲ ਅਸਹਿਮਤੀ ਪ੍ਰਗਟਾਉਂਦਿਆਂ ਸਦਨ ਵਿਚੋਂ ਨਾਹਰੇ ਮਾਰਦੇ ਹੋਏ ਵਾਕ-ਆਊਟ ਕਰ ਗਏ।

8. ਰਿਪੋਰਟ ਪੇਸ਼ ਕਰਨਾ

ਸਰਦਾਰ ਕੁਲਜੀਤ ਸਿੰਘ ਨਾਗਰਾ, ਮੈਂਬਰ, ਰਾਜ ਵਿੱਚ ਕਿਸਾਨਾਂ ਦੁਆਰਾ ਕੀਤੀਆਂ ਜਾ ਰਹੀਆਂ ਆਤਮ ਹੱਤਿਆਵਾਂ ਅਤੇ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੇ ਖੇਤ ਮਜਦੂਰਾਂ ਸਬੰਧੀ ਘੋਖ ਕਰਨ ਲਈ ਸਦਨ ਦੀ ਕਮੇਟੀ ਨੇ ਅੰਤਰਿਮ ਰਿਪੋਰਟ ਪੇਸ਼ ਕੀਤੀ।

9. ਮੇਜ਼ ਤੇ ਮੁੜ ਰੱਖੇ ਜਾਣ ਵਾਲੇ / ਰੱਖੇ ਗਏ ਕਾਗਜ਼-ਪੱਤਰ

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VI ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 3 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

10. ਵਿਧਾਨਕ ਕੰਮ-ਕਾਰ

1. ਪੰਜਾਬ ਵਿਧਾਨ ਸਭਾ ਦੇ ਮੈਂਬਰਾਂ ਦੀਆਂ ਤਨਖਾਹਾਂ ਅਤੇ ਭੱਤੇ (ਸੋਧਨਾ) ਬਿਲ, 2017

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਵਿਧਾਨ ਸਭਾ ਦੇ ਮੈਂਬਰਾਂ ਦੀਆਂ ਤਨਖਾਹਾਂ ਅਤੇ ਭੱਤੇ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਵਿਧਾਨ ਸਭਾ ਦੇ ਮੈਂਬਰਾਂ ਦੀਆਂ ਤਨਖਾਹਾਂ ਅਤੇ ਭੱਤੇ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 05 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 03 ਮਿੰਟ |

ਜਾਰੀ/....3.

2. **ਭਾਰਤੀ ਅਸ਼ਟਾਮ (ਪੰਜਾਬ ਸੋਧਨਾ) ਬਿਲ, 2017**

ਸੰਸਦੀ ਮਾਮਲੇ ਮੰਤਰੀ ਨੇ ਭਾਰਤੀ ਅਸ਼ਟਾਮ (ਪੰਜਾਬ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀਆਂ ਸਬ-ਕਲਾਜ਼ਾਂ (2) ਅਤੇ (3), ਕਲਾਜ਼ਾਂ 2 ਤੋਂ 6 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਭਾਰਤੀ ਅਸ਼ਟਾਮ (ਪੰਜਾਬ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸਰਦਾਰ ਹਰਵਿੰਦਰ ਸਿੰਘ ਫੂਲਕਾ, ਮੈਂਬਰ ਆਮ ਆਦਮੀ ਪਾਰਟੀ ਬਿਲ ਤੇ ਬਹਿਸ ਦੌਰਾਨ ਇਕ ਮਿੰਟ ਲਈ ਬੋਲੇ।

11. **ਮਤਾ**

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਜੋ ਕਿ ਸਰਬਸਮੰਤੀ ਨਾਲ ਪ੍ਰਵਾਨ ਹੋਇਆ:

> "ਇਹ ਸਦਨ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਆਦਮਪੁਰ ਏਅਰਪੋਰਟ ਜ਼ਿਲ੍ਹਾ ਜਲੰਧਰ ਵਿਖੇ ਘਰੇਲੂ ਟਰਮੀਨਲ ਦਾ ਨਾਂ ਸ਼੍ਰੀ ਗੁਰੂ ਰਵੀਦਾਸ ਜੀ ਦੇ ਨਾਂ ਤੇ ਰੱਖਣ ਲਈ ਸ਼ਹਿਰੀ ਹਵਾਬਾਜ਼ੀ ਮੰਤਰਾਲੇ, ਭਾਰਤ ਸਰਕਾਰ ਨੂੰ ਪਹੁੰਚ ਕਰੇ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਹਰਵਿੰਦਰ ਸਿੰਘ ਫੂਲਕਾ, ਆਮ ਆਦਮੀ ਪਾਰਟੀ | 01 ਮਿੰਟ |
| 2. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 3. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |

ਇਸ ਉਪਰੰਤ ਸਦਨ ਬੁੱਧਵਾਰ ਮਿਤੀ 29 ਨਵੰਬਰ, 2017 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ: ਸ਼ਸ਼ੀ ਲਖਨਪਾਲ ਮਿਸ਼ਰਾ,
ਮਿਤੀ 28 ਨਵੰਬਰ, 2017 ਸਕੱਤਰ।